ਦਫਤਰ :- ਕਾਰਜਕਾਰੀ ਇੰਜੀਨੀਅਰ, ਪ੍ਰਾਂਤਕ ਮੰਡਲ, ਲੋ:ਨਿ:ਵਿ: ਭ ਤੇ ਮ ਸ਼ਾਖਾ, ਸਾਹਮਣੇ ਪੁਲਿਸ ਸਟੇਸ਼ਨ, ਇੰਡਸਟ੍ਰੀਅਲ ਏਰੀਆ ਫੇਸ-1, ਸਾਹਿਬਜਾਦਾ ਅਜੀਤ ਸਿੰਘ ਨਗਰ (ਮੋਹਾਲੀ)

E-mail Id: ee.pd.moh.pwd@punjab.gov.in, Tel. & Fax No. 0172-2226328

ਵੱਲ,

The Principal,
Vivek High School,
Sector-70, SAS Nagar.

ਨੰਬਰ 2953 ਮਿਤੀ: 17-04-26

**ਵਿਸ਼ਾ:-** **ਬਿਲਡਿੰਗ ਸੇਫਟੀ ਸਰਟੀਫਿਕੇਟ ਜਾਰੀ ਕਰਨ ਸਬੰਧੀ।**

**ਹਵਾਲਾ:-** ਆਪ ਦਾ ਪੱਤਰ VHS/2025/7125 ਮਿਤੀ 11.03.2026 ਦੇ ਸਬੰਧ ਵਿੱਚ।

ਉਪਰੋਕਤ ਵਿਸ਼ੇ ਅਤੇ ਹਵਾਲੇ ਅਧੀਨ ਪੱਤਰ ਦੇ ਸਬੰਧ ਵਿੱਚ ਇਸ ਮੰਡਲ ਅਧੀਨ ਉਪ ਮੰਡਲ ਇੰਜੀਨੀਅਰ, ਪ੍ਰਾਂਤਕ ਉਪ ਮੰਡਲ, ਲੋਕ ਨਿਰਮਾਣ ਵਿਭਾਗ, ਭ ਤੇ ਮ ਸ਼ਾਖਾ, ਐਸ.ਏ.ਐਸ ਨਗਰ ਵੱਲੋਂ ਪ੍ਰਾਪਤ ਸਕੂਲ ਦਾ ਬਿਲਡਿੰਗ ਸੇਫਟੀ ਸਰਟੀਫਿਕੇਟ ਮਿਤੀ 31.03.2027 ਤੱਕ ਨਾਲ ਨੱਥੀ ਸ਼ਰਤਾਂ ਅਨੁਸਾਰ ਜਾਰੀ ਕੀਤਾ ਜਾਂਦਾ ਹੈ।

ਨੱਥੀ/ਬਿਲਡਿੰਗ ਸੇਫਟੀ ਸਰਟੀਫਿਕੇਟ

ਕਾਰਜਕਾਰੀ ਇੰਜੀਨੀਅਰ,
ਪ੍ਰਾਂਤਕ ਮੰਡਲ,ਲੋ.ਨਿ.ਵਿ. ਭ ਤੇ ਮ ਸ਼ਾਖਾ,
ਸਾਹਿਬਜ਼ਾਦਾ ਅਜੀਤ ਸਿੰਘ ਨਗਰ।

ਪਿੱਠ ਅੰਕਣ ਨੰ. ਮਿਤੀ:

ਉਪਰੋਕਤ ਦਾ ਉਤਾਰਾ ਹੇਠ ਲਿਖਿਆ ਨੂੰ ਸੂਚਨਾ ਤੇ ਅਗਲੇਰੀ ਯੋਗ ਕਾਰਵਾਈ ਹਿੱਤ ਭੇਜਿਆ ਜਾਂਦਾ ਹੈ।

1. ਉਪ ਮੰਡਲ ਇੰਜੀਨੀਅਰ, ਪ੍ਰਾਂਤਕ ਉਪ ਮੰਡਲ, ਲੋਕ ਨਿਰਮਾਣ ਵਿਭਾਗ ਭ ਤੇ ਮ ਸ਼ਾਖਾ, ਐਸ.ਏ.ਐਸ ਨਗਰ ਨੂੰ ਉਨ੍ਹਾਂ ਦੇ ਪੱਤਰ ਨੰ. 127 ਮਿਤੀ 30.03.2026 ਦੇ ਸਬੰਧ ਵਿੱਚ।
2. ਸੁਪਰਡੰਟ (ਸਮੇਤ ਡੀ.ਡੀ ਨੰ. 009765 ਮਿਤੀ 31.03.2026 ਬਾਬਤ ਰਕਮ 15,000/- ਰੁਪਏ)

ਨੱਥੀ/ਡੀ.ਡੀ. ਲੜੀ ਨੰ. 2 ਲਈ

ਕਾਰਜਕਾਰੀ ਇੰਜੀਨੀਅਰ,
ਪ੍ਰਾਂਤਕ ਮੰਡਲ ਲੋ.ਨਿ.ਵਿ. ਭ ਤੇ ਮ ਸ਼ਾਖਾ,
ਸਾਹਿਬਜ਼ਾਦਾ ਅਜੀਤ ਸਿੰਘ ਨਗਰ।

# BUILDING SAFETY CERTIFICATE

**Subject:** **Building Safety Certificate for Vivek High School, Sector 70, SAS Nagar.**

**Vivek High School, Sector 70, SAS Nagar** ਦੀ ਬਿਲਡਿੰਗ ਦਾ ਸਟੱਰਕਚਰ ਸਟੇਬਿਲਟੀ ਸਰਟੀਫਿਕੇਟ **Er. Vikas Bhardwaj, ME (Civil), MVI, MIE H No. 1059, Sector 43-B, Chandigarh Mobile No. 9417018335** ਦੇ ਪੱਤਰ ਨੰ. **CF/A/1982** ਮਿਤੀ **27.02.2026** ਨੂੰ ਧਿਆਨ ਵਿੱਚ ਰੱਖਦੇ ਹੋਏ ਬਿਲਡਿੰਗ ਸੇਫਟੀ ਸਰਟੀਫਿਕੇਟ ਮਿਤੀ **31.03.2027** ਤੱਕ ਹੇਠ ਲਿਖੀਆਂ ਸ਼ਰਤਾਂ ਤੇ ਜਾਰੀ ਕੀਤਾ ਜਾਂਦਾ ਹੈ-

1. ਨਿਰੀਖਣ ਤੋਂ ਬਾਅਦ ਜੇਕਰ ਸਕੂਲ ਵੱਲੋਂ ਦਰਸਾਈ ਗਈ ਬਿਲਡਿੰਗ ਦੇ ਸਟਰਕੱਚਰ ਵਿੱਚ ਕਿਸੇ ਵੀ ਕਿਸਮ ਦੀ ਤਬਦੀਲੀ ਕੀਤੀ ਜਾਂਦੀ ਹੈ ਤਾਂ ਬਿਲਡਿੰਗ ਦਾ ਸੇਫਟੀ ਸਰਟੀਫਿਕੇਟ ਰੱਦ ਸਮਝਿਆ ਜਾਵੇ।
2. ਜੇਕਰ ਕੋਈ ਕੁਦਰਤੀ ਆਫਤ ਕਾਰਨ ਜਾਂ ਕਿਸੇ ਵੀ ਕਾਰਨ ਬਿਲਡਿੰਗ ਨੂੰ ਨੁਕਸਾਨ ਹੁੰਦਾ ਹੈ ਤਾਂ ਵੀ ਸਕੂਲ ਮੁੱਖੀ ਨੂੰ ਤੁਰੰਤ ਇਸ ਦਫਤਰ ਨੂੰ ਸੂਚਿਤ ਕਰਨਾ ਪਵੇਗਾ ਅਤੇ ਜੋ ਬਣਦੀ ਕਾਰਵਾਈ ਕੀਤੀ ਜਾ ਸਕੇ।
3. ਇਸ ਬਿਲਡਿੰਗ ਦਾ ਫਾਇਰ ਸੇਫਟੀ ਸਰਟੀਫਿਕੇਟ ਸਕੂਲ ਵੱਲੋਂ **Invest Punjab Portal** ਉਤੇ **Application id 2603901533 dated 27.03.2026** ਰਾਹੀਂ ਅਪਲਾਈ ਕੀਤਾ ਹੋਇਆ ਹੈ। ਫਾਇਰ ਸੇਫਟੀ ਸਰਟੀਫਿਕੇਟ, ਪੰਜਾਬ ਫਾਇਰ ਸਰਵਿਸਿਜ਼, ਐਸ.ਏ.ਐਸ. ਨਗਰ ਵੱਲੋਂ ਸਾਲ 2026-2027 ਜਾਰੀ ਕਰਨ ਉਪਰੰਤ ਸਕੂਲ ਉਕਤ ਸਰਟੀਫਿਕੇਟ ਇਸ ਦਫਤਰ ਵਿਖੇ ਜਮ੍ਹਾ ਕਰਵਾਉਣ ਦਾ ਪਾਬੰਦ ਹੋਵੇਗਾ। ਫਾਇਰ ਸੇਫਟੀ ਵਿਭਾਗ ਦੀਆਂ ਹਦਾਇਤਾਂ ਅਨੁਸਾਰ ਅੱਗ ਬੁਝਾਊ ਯੰਤਰ ਤਸੱਲੀਬਖਸ਼ ਹੋਣੇ ਚਾਹੀਦੇ ਹਨ ਅਤੇ ਕਰਮਚਾਰੀ ਅੱਗ ਬੁਝਾਉਣ ਸਬੰਧੀ ਟਰੇਂਡ ਹੋਣੇ ਚਾਹੀਦੇ ਹਨ, ਇਸ ਨੂੰ ਯਕੀਨੀ ਬਣਾਇਆ ਜਾਵੇ। ਇਸ ਤੋਂ ਇਲਾਵਾ ਸਕੂਲ ਫਾਇਰ ਸੇਫਟੀ ਸਰਟੀਫਿਕੇਟ ਸਬੰਧਤ ਦਫਤਰ ਤੋਂ **renew** ਕਰਵਾਉਣ ਉਪਰੰਤ ਸਰਟੀਫਿਕੇਟ ਦੀ ਕਾਪੀ ਇਸ ਦਫਤਰ ਨੂੰ ਸਮੇਂ ਸਿਰ ਜਮ੍ਹਾ ਕਰਵਾਉਣ ਦਾ ਪਾਬੰਦ ਹੋਵੇਗਾ।
4. ਉਕਤ ਕਿਸੇ ਵੀ ਹਾਲਤ ਵਿੱਚ ਜਾਂ ਹੋਰ ਕੋਈ ਕੁਦਰਤੀ/ਮਨੁੱਖੀ ਆਫਤਾਂ ਆਉਣ ਦੀ ਸੂਰਤ ਵਿੱਚ ਬਿਲਡਿੰਗ ਦੀ ਤਰੁੰਤ ਰੀ-ਇੰਸਪੈਕਸ਼ਨ ਕਰਾਉਣ ਦੀ ਨਿਰੋਲ ਜ਼ਿੰਮੇਵਾਰੀ ਕੇਵਲ ਬਿਨੈਕਾਰ ਦੀ ਹੋਵੇਗੀ।
5. ਜੇਕਰ ਸਕੂਲ ਵੱਲੋਂ ਸੇਫਟੀ ਨਾਲ ਸਬੰਧਤ ਕਿਸੇ ਵੀ ਸ਼ਰਤ ਦੀ ਉਲੰਘਣਾ ਕੀਤੀ ਜਾਂਦੀ ਹੈ ਤਾਂ ਇਸ ਵਿਭਾਗ ਵੱਲੋਂ ਜਾਰੀ ਕੀਤਾ ਸਰਟੀਫਿਕੇਟ ਰੱਦ ਕਰ ਦਿੱਤਾ ਜਾਵੇਗਾ।
6. ਰੋਡ ਅਸੈਸ ਸਬੰਧੀ ਮਾਨਯੋਗ ਪੰਜਾਬ ਅਤੇ ਹਰਿਆਣਾ ਹਾਈਕੋਰਟ ਵੱਲੋਂ ਭਵਿੱਖ ਵਿੱਚ ਜੋ ਵੀ ਫੈਸਲਾਂ ਕੀਤਾ ਜਾਵੇਗਾ, ਉਸ ਨੂੰ ਇਹ ਸੰਸਥਾ ਮੰਨਣ ਦੀ ਪਾਬੰਦ ਹੋਵੇਗੀ।
7. ਜੇਕਰ ਬਿਲਡਿੰਗ ਉੱਪਰ ਹੋਰ ਮੰਜ਼ਿਲ ਦੀ ਉਸਾਰੀ ਕੀਤੀ ਜਾਂਦੀ ਹੈ ਤਾਂ ਉਸ ਬਿਲਡਿੰਗ ਦੀਆਂ ਹੇਠਲੀਆਂ ਮੰਜ਼ਿਲਾਂ ਵਿੱਚ ਜਮਾਤਾਂ ਨਾ ਲਗਾਈਆਂ ਜਾਣ।
8. ਇਹ ਸਰਟੀਫਿਕੇਟ ਕਿਸੇ ਵੀ ਲੀਗਲ ਕੇਸਾਂ ਲਈ ਪ੍ਰਮਾਣਿਤ ਨਹੀਂ ਹੋਵੇਗਾ।
9. ਇਹ ਸਰਟੀਫਿਕੇਟ ਕੇਵਲ **Visual Inspection** ਦੀ ਅਧਾਰ ਤੇ ਕੇਵਲ **Structural Safety** ਪੱਖੋਂ ਜਾਰੀ ਕੀਤਾ ਗਿਆ ਹੈ।
10. ਇਸ ਵਿੱਚ ਕੋਈ ਬਿਜਲੀ, ਮਸ਼ੀਨਰੀ, **Equipment** ਆਦਿ ਬਾਬਤ ਇਸ ਦਫਤਰ ਦੀ ਕੋਈ ਜਿੰਮੇਵਾਰੀ ਨਹੀਂ ਹੋਵੇਗੀ।
11. ਇਹ ਸਰਟੀਫਿਕੇਟ **Er. Vikas Bhardwaj, ME (Civil), MVI, MIE H No. 1059, Sector 43-B, Chandigarh Mobile No. 9417018335** ਵੱਲੋਂ ਸਾਈਟ ਨਿਰੀਖਣ ਉਪਰੰਤ ਜਾਰੀ ਕੀਤੇ ਸਟਰਕੱਚਰ ਸੇਫਟੀ ਸਰਟੀਫਿਕੇਟ ਦੇ ਆਧਾਰ ਤੇ ਜਾਰੀ ਕੀਤਾ ਜਾਂਦਾ ਹੈ ਅਤੇ ਹਦਾਇਤ ਕੀਤੀ ਜਾਂਦੀ ਹੈ ਕਿ ਸਕੂਲ ਹਰ ਸਾਲ ਸਟਰਕੱਚਰ ਸਟੇਬੀਲਟੀ/ਸੇਫਟੀ ਸਰਟੀਫਿਕੇਟ **qualified/registered** ਸਟੱਰਕਚਰਲ ਡਿਜਾਈਨਰ ਤੋਂ ਨਿਰਖਣ ਕਰਵਾਉਣ ਉਪਰੰਤ ਸਰਟੀਫਿਕੇਟ ਇਸ ਦਫਤਰ ਨੂੰ ਜਮ੍ਹਾ ਕਰਵਾਉਣ ਦਾ ਪਾਬੰਦ ਹੋਵੇਗਾ। ਇਸ ਤੋਂ ਇਲਾਵਾ ਜੇ ਕੋਈ ਵੀ ਕੁਦਰਤੀ ਆਫਤ **(earthquake)** ਆਉਂਦੀ ਹੈ ਤਾਂ ਸਕੂਲ ਤੁਰੰਤ ਸਟੱਰਕਚਰਲ ਡਿਜਾਈਨਰ ਤੋਂ ਨਿਰਖਣ ਕਰਵਾਉਣ ਉਪਰੰਤ **safety measures** ਲੈਂਦੇ ਹੋਏ ਸਰਟੀਫਿਕੇਟ ਇਸ ਦਫਤਰ ਨੂੰ ਜਮ੍ਹਾ ਕਰਵਾਉਣ ਦਾ ਪਾਬੰਦ ਹੋਵੇਗਾ।
12. ਇਸ ਸਕੂਲ ਬਿਲਡਿੰਗ ਵਿੱਚ ਇੱਕ ਬਲਾਕ (GF+FF+SF+TF) ਹੈ।
13. ਜੇਕਰ ਭਵਿੱਖ ਵਿੱਚ **inspection fee** ਵਿੱਚ ਸਰਕਾਰ ਦੀਆਂ ਹਦਾਇਤਾਂ ਅਨੁਸਾਰ ਕੋਈ ਤਬਦੀਲੀ ਹੁੰਦੀ ਹੈ ਤਾਂ ਸਕੂਲ ਉਸ ਅਨੁਸਾਰ ਬਣਦੀ ਫੀਸ ਇਸ ਦਫਤਰ ਵਿੱਚ ਪਾਬੰਦ ਹੋਵੇਗਾ।
14. ਜੇਕਰ ਉਪਰ ਦਰਸਾਈਆਂ ਸ਼ਰਤਾਂ ਦੀ ਉਲਘੰਗਣਾ ਕੀਤੀ ਜਾਂਦੀ ਹੈ ਤਾਂ ਬਿਲਡਿੰਗ ਸੇਫਟੀ ਸਰਟੀਫਿਕੇਟ ਤਤਕਾਲ ਸਮੇਂ ਤੋਂ ਰੱਦ ਸਮਝਿਆ ਜਾਵੇਗਾ।

ਉਪ ਮੰਡਲ ਇੰਜੀਨੀਅਰ,
ਪ੍ਰਾਂਤਕ ਉਪ ਮੰਡਲ, ਲੋ:ਨਿ:ਵਿ: ਭ ਤੇ ਮ ਸ਼ਾਖਾ,
ਐਸ.ਏ.ਐਸ. ਨਗਰ।

ਕਾਰਜਕਾਰੀ ਇੰਜੀਨੀਅਰ,
ਪ੍ਰਾਂਤਕ ਮੰਡਲ, ਲੋ:ਨਿ:ਵਿ: ਭ ਤੇ ਮ ਸ਼ਾਖਾ,
ਐਸ.ਏ.ਐਸ. ਨਗਰ।